ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਖੁੱਲ੍ਹੇ 'ਚ ਸ਼ੋਚ ਮੁਕਤ ਕਰਨ ਹਿੱਤ ਨਾ ਵਰਤੀ ਜਾਵੇ ਅਣਗਹਿਲੀ-ਡਿਪਟੀ ਕਮਿਸ਼ਨਰ

## ਸਵੱਛਤਾ ਨੂੰ ਬਰਕਰਾਰ ਰੱਖਣ ਲਈ ਅਧਿਕਾਰੀ ਨਿਭਾਉਣ ਆਪਣਾ ਅਹਿਮ ਰੋਲ

## ਸਰਹੱਦੀ ਪਿੰਡਾਂ 'ਚ ਵੀ ਜਲਦ ਤੋਂ ਜਲਦ ਬਣਾਏ ਜਾਣ ਪਖਾਣੇ

## ਰੋਜ਼ ਦੀ ਰੋਜ਼ ਪੋਰਟਲ 'ਤੇ ਅਪਡੇਟ ਕੀਤਾ ਜਾਵੇ ਡਾਟਾ

## ਕੰਮ ਦੀ ਵੰਡ ਅਨੁਸਾਰ ਹੀ ਦਿੱਤੀ ਜਾਵੇ ਰਾਸ਼ੀ

ਫਾਜ਼ਿਲਕਾ 03 ਨਵੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਦੇਸ਼ ਨੂੰ ਸਵੱਛ ਭਾਰਤ ਮਿਸ਼ਨ ਤਹਿਤ ਖੁਲ੍ਹੇ 'ਚ ਸ਼ੋਚ ਮੁਕਤ ਕਰਨ ਦੇ ਲਏ ਗਏ ਸੁਪਨੇ ਨੂੰ ਯਾਦ ਕਰਾਉਂਦਿਆਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਨੂੰ ਖੁੱਲ੍ਹੇ 'ਚ ਸ਼ੋਚ ਮੁਕਤ ਕਰਨ ਹਿੱਤ ਕੋਈ ਅਣਗਹਿਲੀ ਨਾ ਵਰਤੀ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮੁਹਿੰਮ ਤਹਿਤ ਹੋ ਰਹੇ ਕੰਮ ਦਾ ਰੋਜ਼ ਦੀ ਰੋਜ਼ ਡਾਟਾ ਪੋਰਟਲ 'ਤੇ ਅਪਡੇਟ ਕੀਤਾ ਜਾਵੇ ਤਾਂ ਜੋ ਕੀਤੇ ਕੰਮ ਦਾ ਲੇਖਾ-ਜੋਖਾ ਲਿਆ ਜਾ ਸਕੇ।

ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਕੀਤੀ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਪਿੰਡਾਂ 'ਚ ਖੁੱਲ੍ਹੇ 'ਚ ਸ਼ੋਚ ਮੁਕਤ ਕਰਨ ਹਿੱਤ ਪਖਾਣੇ ਬਣਾਉਣ ਸਬੰਧੀ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਸਮੂਹ ਐਸ.ਡੀ.ਐਮਜ਼ ਨੂੰ ਆਪਣੇ ਪੱਧਰ 'ਤੇ ਪਿੰਡਾਂ 'ਚ ਚੱਲ ਰਹੇ ਕੰਮਾਂ ਦੀ ਸੁਪਰਵੀਜ਼ਨ ਕਰਨ ਦੇ ਨਾਲ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਸਿਰਫ ਉਨ੍ਹਾਂ ਵਸਨੀਕਾਂ ਦੇ ਪਖਾਣੇ ਬਣਾਏ ਜਾਣ ਜੋ ਲੋਕ ਆਰਥਿਕ ਤੌਰ 'ਤੇ ਕਮਜ਼ੋਰ ਹਨ ਤੇ ਜਿਨ੍ਹਾਂ ਘਰ ਪਖਾਣੇ ਨਹੀਂ ਹਨ। ਉਨ੍ਹਾਂ ਸਬੰਧਤ ਪਿੰਡਾਂ ਦੀ ਪੰਚਾਇਤਾਂ, ਮੋਟੀਵੇਟਰਾਂ ਅਤੇ ਨਿਗਰਾਨ ਕਮੇਟੀਆਂ ਨੂੰ ਕਿਹਾ ਕਿ ਉਹ ਖੁਦ ਅੱਗੇ ਆਉਣ ਤੇ ਖੁੱਲ੍ਹੇ 'ਚ ਸ਼ੋਚ ਮੁਕਤ ਕਰਨ ਲਈ ਲੋਕਾਂ ਦੀ ਮਾਨਿਸਕਤਾ ਨੂੰ ਬਦਲਣ ਲਈ ਵੱਧ ਤੋਂ ਵੱਧ ਪ੍ਰੇਰਿਤ ਕਰਨ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਅਧਿਕਾਰੀਆਂ ਨੂੰ ਇਹ ਵੀ ਯਕੀਨੀ ਬਣਾਉਣ ਲਈ ਕਿਹਾ ਕਿ ਪਖਾਨੇ ਬਣਾਉਣ ਲਈ ਕੰਮ ਦੀ ਵੰਡ ਅਨੁਸਾਰ ਹੀ ਰਾਸ਼ੀ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਆਪਣੀ ਟੀਮ ਮੈਂਬਰਾਂ ਤੋਂ ਰੋਜ਼ ਦੀ ਰੋਜ਼ ਡਾਟਾ ਪੋਰਟਲ 'ਤੇ ਅਪਡੇਟ ਕਰਵਾਉਣ ਤਾਂ ਜੋ ਹੋ ਰਹੇ ਕੰਮ ਦਾ ਲੇਖਾ-ਜੋਖਾ ਲਿਆ ਜਾ ਸਕੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ(ਜ)-ਕਮ-ਐਸ.ਡੀ.ਐਮ. ਫਾਜ਼ਿਲਕਾ ਸ੍ਰੀ ਬਲਬੀਰ ਰਾਜ ਸਿੰਘ, ਸਹਾਇਕ ਕਮਿਸ਼ਨਰ(ਅੰਡਰ ਟ੍ਰੇਨਿੰਗ) ਸ. ਰਣਦੀਪ ਸਿੰਘ, ਐਸ.ਡੀ.ਐਮ. ਅਬੋਹਰ ਮਿਸ ਪੂਨਮ ਸਿੰਘ, ਐਸ.ਡੀ.ਐਮ. ਜਲਾਲਾਬਾਦ ਸ. ਪ੍ਰਿਥੀ ਸਿੰਘ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਮੰਡਲ ਫਾਜ਼ਿਲਕਾ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਰਵਿੰਦਰ ਕੁਮਾਰ ਤੋਂ ਇਲਾਵਾ ਸਬੰਧਤ ਪਿੰਡਾਂ ਦੇ ਨੋਡਲ ਅਫਸਰ, ਮੋਟੀਵੇਟਰ, ਨਿਗਰਾਨ ਕਮੇਟੀਆਂ ਦੇ ਮੈਂਬਰ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।